ਸਾਰਗ ਮਹਲਾ ੧ ॥ ਦੂਰਿ ਨਾਹੀ ਮੇਰੋ ਪ੍ਰਭੁ ਪਿਆਰਾ ॥ ਸਤਿਗੁਰ ਬਚਨਿ ਮੇਰੋ ਮਨੁ ਮਾਨਿਆ ਹਰਿ ਪਾਏ ਪ੍ਰਾਨ ਅਧਾਰਾ ॥੧॥ ਰਹਾਉ ॥ ਇਨ ਬਿਧਿ ਹਰਿ ਮਿਲੀਐ ਵਰ ਕਾਮਨਿ ਧਨ ਸੋਹਾਗੁ ਪਿਆਰੀ ॥ ਜਾਤਿ ਬਰਨ ਕੁਲ ਸਹਸਾ ਚੂਕਾ ਗੁਰਮਤਿ ਸਬਦਿ ਬੀਚਾਰੀ ॥੧॥ ਜਿਸੁ ਮਨੁ ਮਾਨੈ ਅਭਿਮਾਨੁ ਨ ਤਾ ਕਉ ਹਿੰਸਾ ਲੋਭੁ ਵਿਸਾਰੇ ॥ ਸਹਜਿ ਰਵੈ ਵਰੁ ਕਾਮਣਿ ਪਿਰ ਕੀ ਗੁਰਮੁਖਿ ਰੰਗਿ ਸਵਾਰੇ ॥ ੨॥ ਜਾਰਉ ਐਸੀ ਪ੍ਰੀਤਿ ਕੁਟੰਬ ਸਨਬੰਧੀ ਮਾਇਆ ਮੋਹ ਪਸਾਰੀ ॥ ਜਿਸੁ ਅੰਤਰਿ ਪ੍ਰੀਤਿ ਰਾਮ ਰਸੁ ਨਾਹੀ ਦੁਬਿਧਾ ਕਰਮ ਬਿਕਾਰੀ ॥੩॥ ਅੰਤਰਿ ਰਤਨ ਪਦਾਰਥ ਹਿਤ ਕੌ ਦੁਰੈ ਨ ਲਾਲ ਪਿਆਰੀ ॥ ਨਾਨਕ ਗੁਰਮੁਖਿ ਨਾਮੁ ਅਮੋਲਕੁ ਜੁਗਿ ਜੁਗਿ ਅੰਤਰਿ ਧਾਰੀ ॥੪॥੩॥ {ਪੰਨਾ 1197-1198}

ਪਦਅਰਥ:- ਸਤਿਗੁਰ ਬਚਨਿ—ਗੁਰੂ ਦੇ ਉਪਦੇਸ਼ ਵਿਚ। ਮਾਨਿਆ—ਪਤੀਜ ਗਿਆ ਹੈ। ਪ੍ਰਾਨ ਅਧਾਰਾ—ਜ਼ਿੰਦਗੀ ਦਾ ਆਸਰਾ।1। ਰਹਾਉ।

ਇਨ ਬਿਧਿ—ਇਸ ਤਰੀਕੇ ਨਾਲ। ਹਰਿ ਵਰ ਮਿਲੀਐ—ਹਰੀ-ਪਤੀ ਨੂੰ ਮਿਲੀਦਾ ਹੈ। ਕਾਮਨਿ—ਹੇ ਜੀਵ-ਇਸਤ੍ਰੀ! ਸੋਹਾਗੁ—ਚੰਗਾ ਭਾਗ। ਧਨ—ਜੀਵ-ਇਸਤ੍ਰੀ। ਸਹਸਾ—ਭਰਮ। ਬੀਚਾਰੀ—ਵਿਚਾਰਵਾਨ।1।

ਹਿੰਸਾ—ਨਿਰਦਇਤਾ। ਸਹਜਿ—ਅਡੋਲ ਅਵਸਥਾ ਵਿਚ। ਰਵੈ—ਮਾਣਦੀ ਹੈ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਰੰਗਿ—ਪ੍ਰੇਮ ਵਿਚ।2।

ਜਾਰਉ—ਮੈਂ ਸਾੜ ਦਿਆਂ। ਦੁਬਿਧਾ—ਮੇਰ-ਤੇਰ। ਬਿਕਾਰੀ—ਵਿਕਾਰਾਂ ਦੇ।3।

ਹਿਤ—ਪਿਆਰ। ਕੌ—ਨੂੰ, ਦੀ ਖ਼ਾਤਰ। ਹਿਤ ਕੌ—ਪ੍ਰੇਮ ਪੈਦਾ ਕਰਨ ਦੀ ਖ਼ਾਤਰ। ਦੁਰੈ ਨ—ਨਹੀਂ ਲੁਕਦੀ, ਗੁੱਝੀ ਨਹੀਂ ਰਹਿੰਦੀ। ਲਾਲ ਪਿਆਰੀ—ਪ੍ਰਭੂ ਦੀ ਪਿਆਰੀ। ਜੁਗਿ ਜੁਗਿ—ਹਰੇਕ ਜੁਗ ਵਿਚ, ਸਦਾ ਹੀ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ।4।

ਅਰਥ:- ਜਦੋਂ ਤੋਂ ਮੇਰਾ ਮਨ ਗੁਰੂ ਦੇ (ਇਸ) ਬਚਨ ਵਿਚ ਯਕੀਨ ਲੈ ਆਇਆ ਹੈ (ਕਿ) ਮੇਰਾ ਪਿਆਰਾ ਪ੍ਰਭੂ (ਮੈਥੋਂ) ਦੂਰ ਨਹੀਂ ਹੈ, ਤਦੋਂ ਤੋਂ (ਮੈਨੂੰ ਇਉਂ ਪ੍ਰਤੀਤ ਹੋ ਰਿਹਾ ਹੈ ਕਿ) ਮੈਂ ਆਪਣੀ ਜਿੰਦ ਦਾ ਸਹਾਰਾ-ਪ੍ਰਭੂ ਲੱਭ ਲਿਆ ਹੈ।1। ਰਹਾਉ।

ਹੇ ਜੀਵ-ਇਸਤ੍ਰੀਏ! ਇਸ ਤਰੀਕੇ ਨਾਲ ਹੀ (ਭਾਵ, ਉਸ ਪ੍ਰਭੂ ਦੇ ਅੰਗ-ਸੰਗ ਹੋਣ ਤੇ ਯਕੀਨ ਕੀਤਿਆਂ ਹੀ) ਪਤੀ-ਪ੍ਰਭੂ ਮਿਲਦਾ ਹੈ, (ਜਿਸ ਨੂੰ ਮਿਲ ਪਿਆ ਹੈ) ਉਸ ਜੀਵ-ਇਸਤ੍ਰੀ ਦਾ ਚੰਗਾ ਭਾਗ ਜਾਗ ਪਿਆ ਹੈ, ਉਹ ਪਤੀ-ਪ੍ਰਭੂ ਦੀ ਪਿਆਰੀ ਹੋ ਗਈ ਹੈ। ਗੁਰੂ ਦੀ ਮਤਿ ਲੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਵਿਚਾਰਵਾਨ ਹੋ ਜਾਂਦੀ ਹੈ, ਜਾਤਿ ਵਰਨ ਕੁਲ (ਆਦਿਕ) ਬਾਰੇ ਉਸ ਦਾ ਭਰਮ ਦੂਰ ਹੋ ਜਾਂਦਾ ਹੈ।1।

ਜਿਸ ਦਾ ਮਨ (ਇਹ) ਮੰਨ ਜਾਂਦਾ ਹੈ (ਕਿ ਪ੍ਰਭੂ ਸਦਾ ਮੇਰੇ ਅੰਗ-ਸੰਗ ਹੈ) ਉਸ ਨੂੰ ਅਹੰਕਾਰ ਨਹੀਂ ਰਹਿੰਦਾ, ਉਹ ਨਿਰਦਇਤਾ ਤੇ ਲਾਲਚ ਨੂੰ (ਆਪਣੇ ਅੰਦਰੋਂ) ਭੁਲਾ ਦੇਂਦੀ ਹੈ, ਪਤੀ-ਪ੍ਰਭੂ ਦੀ ਪਿਆਰੀ ਉਹ ਜੀਵ-ਇਸਤ੍ਰੀ ਅਡੋਲ ਅਵਸਥਾ ਵਿਚ ਟਿਕ ਕੇ ਪਤੀ-ਪ੍ਰਭੂ ਨੂੰ ਮਿਲੀ ਰਹਿੰਦੀ ਹੈ, ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਪਿਆਰ ਵਿਚ ਉਹ ਆਪਣੇ ਆਪ ਨੂੰ ਸਵਾਰਦੀ ਹੈ।2।

ਮੈਂ ਪਰਵਾਰ ਤੇ ਸਨਬੰਧੀਆਂ ਦੇ ਐਸੇ ਮੋਹ-ਪਿਆਰ ਨੂੰ (ਆਪਣੇ ਅੰਦਰੋਂ) ਸਾੜ ਦਿਆਂ ਜੋ (ਮੇਰੇ ਅੰਦਰ) ਮਾਇਆ ਦੇ ਮੋਹ ਦਾ ਖਿਲਾਰਾ ਹੀ ਖਿਲਾਰਦਾ ਹੈ। ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਨਹੀਂ, ਪ੍ਰਭੂ-ਮਿਲਾਪ ਦਾ ਆਨੰਦ ਨਹੀਂ (ਉਪਜਦਾ), ਉਹ ਮੇਰ-ਤੇਰ ਅਤੇ (ਹੋਰ) ਵਿਕਾਰਾਂ ਦੇ ਕੰਮਾਂ ਵਿਚ ਹੀ ਪ੍ਰਵਿਰਤ ਰਹਿੰਦੀ ਹੈ।3।

ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦਾ ਪਿਆਰ ਪੈਦਾ ਕਰਨ ਵਾਸਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ

ਰਤਨ ਮੌਜੂਦ ਹਨ, ਪ੍ਰਭੂ ਦੀ ਉਹ ਪਿਆਰੀ ਜੀਵ-ਇਸਤ੍ਰੀ (ਜਗਤ ਵਿਚ) ਗੁੱਝੀ ਨਹੀਂ ਰਹਿੰਦੀ। ਹੇ ਨਾਨਕ! ਹਰੇਕ ਜੁਗ ਵਿਚ ਹੀ (ਭਾਵ, ਸਦਾ ਤੋਂ ਹੀ ਅਜੇਹੀ ਜੀਵ-ਇਸਤ੍ਰੀ) ਗੁਰੂ ਦੀ ਸਰਨ ਪੈ ਕੇ ਆਪਣੇ ਹਿਰਦੇ ਵਿਚ ਪ੍ਰਭੂ ਦਾ ਅਮੋਲਕ ਨਾਮ ਧਾਰਦੀ ਚਲੀ ਆਈ ਹੈ (ਭਾਵ, ਜਗਤ ਦੇ ਆਰੰਭ ਤੋਂ ਹੀ ਇਹ ਮਰਯਾਦਾ ਚਲੀ ਆ ਰਹੀ ਹੈ ਕਿ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਪ੍ਰਭੂ-ਚਰਨਾਂ ਨਾਲ ਪਿਆਰ ਬਣਦਾ ਹੈ)।4।3।